ਪੰਜਾਬ ਸਰਕਾਰ
ਸਥਾਨਕ ਸਰਕਾਰ ਵਿਭਾਗ
(ਸਥਾਨਕ ਸਰਕਾਰ-3 ਸ਼ਾਖਾ)
ਅਧਿਸੂਚਨਾ

ਮਿਤੀ,ਚੰਡੀਗੜ੍ਹ: 16.12.2016

ਨੰ:16/10(3)/2016-5ਸਸ3/2719 ਜਿਵੇਂ ਕਿ ਨਗਰ ਕੌਂਸਲ, ਰਾਮਦਾਸ ਜਿਲ੍ਹਾ ਅੰਮ੍ਰਿਤਸਰ ਵੱਲੋ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955 (15 ਆਫ 1956)" ਦੀ ਧਾਰਾ 07 ਅਧੀਨ ਆਪਣੇ ਮਤਾ ਨੰ:43 ਮਿਤੀ: 07.12.2015 ਰਾਹੀਂ ਕਾਓ ਸੈਸ ਲਗਾਉਣਾ ਪ੍ਰਵਾਨ ਕੀਤਾ ਹੈ। ਇਸ ਦੇ ਸਬੰਧ ਵਿੱਚ 2 ਅਖਬਾਰਾਂ ਰਾਹੀਂ ਜਨਤਕ ਸੂਚਨਾ ਪ੍ਰਕਾਸ਼ਿਤ ਕਰਵਾ ਕੇ ਆਮ ਜਨਤਾ ਪਾਸੋਂ ਇਤਰਾਜ ਅਤੇ ਸੁਝਾਓ ਮੰਗੇ ਗਏ ਸਨ ਪਰੰਤੂ ਕੋਈ ਇਤਰਾਜ ਵਾ ਸੁਝਾਓ ਪ੍ਰਾਪਤ ਨਾ ਹੋਣ ਤੇ ਨਗਰ ਕੌਂਸਲ, ਰਾਮਦਾਸ ਜਿਲ੍ਹਾ ਅੰਮ੍ਰਿਤਸਰ ਵੱਲੋ ਆਪਣੇ ਮਤਾ ਨੰ: 14 ਮਿਤੀ: 16.05.2016 ਰਾਹੀਂ ਕਾਓ ਸੈਸ ਲਗਾਉਣਾ ਪ੍ਰਵਾਨ ਕੀਤਾ ਗਿਆ ਹੈ।

2 ਇਸ ਲਈ ਹੁਣ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955 (15 ਆਫ 1956)" ਦੀ ਧਾਰਾ 07 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੰਜਾਬ ਦੇ ਰਾਜਪਾਲ ਪ੍ਰਸੰਨਤਾ ਪੂਰਵਕ ਘੋਸ਼ਣਾ ਕਰਦੇ ਹਨ ਕਿ ਨਗਰ ਕੌਂਸਲ, ਰਾਮਦਾਸ ਜਿਲ੍ਹਾ ਅੰਮ੍ਰਿਤਸਰ ਦੇ ਖੇਤਰ ਵਿਖੇ ਹੇਠ ਲਿਖੀਆਂ ਵਸਤਾਂ ਦੀ ਵਿਕਰੀ ਉਤੇ ਫੀਸ (ਕਾਓ ਸੈਸ) ਲਾਗੂ ਹੋਵੇਗਾ ਅਤੇ ਜਿਸ ਦੀਆਂ ਕੁਲੈਕਟਿੰਗ ਏਜੰਸੀਆਂ ਹੇਠਾਂ ਦਿਤੇ ਟੇਬਲ ਵਿਚ ਘੋਸ਼ਿਤ ਕੀਤੀਆਂ ਜਾਂਦੀਆਂ ਹਨ:-

| ਲੜੀ ਨੰ: | ਆਈਟਮ ਦਾ ਨਾਮ | ਪ੍ਰਤੀ ਆਈਟਮ ਫੀਸ (ਕਾਓ ਸੈਸ) | ਕੁਲੈਕਟਿੰਗ ਏਜੰਸੀ ਦਾ ਨਾਮ |
|---|---|---|---|
| 1 | ਸ਼ਰਾਬ ਅੰਗਰੇਜੀ ਪ੍ਰਤੀ ਬੋਤਲ | 10/-ਰੁਪਏ | ਸਹਾਇਕ ਕਰ ਆਬਕਾਰੀ ਕਮਿਸ਼ਨਰ, ਅੰਮ੍ਰਿਤਸਰ |
| 2 | ਸ਼ਰਾਬ ਦੇਸੀ ਪ੍ਰਤੀ ਬੋਤਲ | 05/-ਰੁਪਏ | ਸਹਾਇਕ ਕਰ ਆਬਕਾਰੀ ਕਮਿਸ਼ਨਰ, ਅੰਮ੍ਰਿਤਸਰ। |
| 3 | ਸੀਮਿੰਟ ਪ੍ਰਤੀ ਬੈਗ | 01/-ਰੁਪਏ | ਨਗਰ ਕੌਂਸਲ, ਰਾਮਦਾਸ |
| 4 | ਬਿਜਲੀ ਪ੍ਰਤੀ ਯੂਨਿਟ | 02 ਪੈਸੇ | ਨਿਗਰਾਨ ਇੰਜੀਨੀਅਰ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਅੰਮ੍ਰਿਤਸਰ |
| 5 | ਮੈਰਿਜ ਪੈਲਿਸ ਨਾਨ ਏ.ਸੀ. ਪ੍ਰਤੀ ਫੰਕਸ਼ਨ | 500/-ਰੁਪਏ | ਨਗਰ ਕੌਂਸਲ, ਰਾਮਦਾਸ |
| 6 | ਮੈਰਿਜ ਪੈਲਿਸ ਏ.ਸੀ. ਪ੍ਰਤੀ ਫੰਕਸ਼ਨ | 1000/-ਰੁਪਏ | ਨਗਰ ਕੌਂਸਲ, ਰਾਮਦਾਸ |
| 7 | ਫੋਰ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ | 1000/-ਰੁਪਏ | ਜਿਲ੍ਹਾ ਟਰਾਂਸਪੋਰਟ ਅਫਸਰ, ਅੰਮ੍ਰਿਤਸਰ |
| 8 | ਦੋ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ | 200/-ਰੁਪਏ | ਜਿਲ੍ਹਾ ਟਰਾਂਸਪੋਰਟ ਅਫਸਰ, ਅੰਮ੍ਰਿਤਸਰ |

3 ਲੜੀ ਨੰ: 1 ਅਤੇ 2 ਤੇ ਕਾਓ ਸੈਸ ਸਾਲ 2017-18 ਤੋਂ ਲਾਗੂ ਹੋਵੇਗਾ।

ਮਿਤੀ, ਚੰਡੀਗੜ੍ਹ:
15.12.2016

ਡੀ.ਪੀ ਰੈਡੀ, ਆਈ.ਏ.ਐਸ
ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ,
ਸਥਾਨਕ ਸਰਕਾਰ ਵਿਭਾਗ

ਪਿੱਠ ਅੰਕਣ ਨੰ: 16/10(3)/2016-5ਸਸ3/2720 ਮਿਤੀ, ਚੰਡੀਗੜ੍ਹ:16.12.2016

ਇਸ ਦਾ ਇੱਕ ਉਤਾਰਾ ਕੰਟਰੋਲਰ, ਛਪਾਈ ਤੇ ਲਿਖਣ ਸਮੱਗਰੀ ਵਿਭਾਗ, ਪੰਜਾਬ, ਐਸ.ਏ.ਐਸ. ਨਗਰ (ਮੋਹਾਲੀ) ਨੂੰ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਅਧਿਸੂਚਨਾ ਪੰਜਾਬ ਸਰਕਾਰ ਦੇ ਅਸਾਧਾਰਣ ਗਜਟ ਵਿੱਚ ਛਾਪਣ ਦੀ ਖੇਚਲ ਕੀਤੀ ਜਾਵੇ ।

ਵਿਸ਼ੇਸ਼ ਸਕੱਤਰ, ਸੁਥਾਨਕ ਸਰਕਾਰ

ਪਿੱਠ ਅੰਕਣ ਨੰ: 16/10(3)/2016-5ਸਸ3/2721 ਮਿਤੀ, ਚੰਡੀਗੜ੍ਹ:16.12.2016

ਉਪਰੋਕਤ ਦਾ ਇੱਕ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :-

1 ਵਿਤੀ ਕਮਿਸ਼ਨਰ, ਕਰ ਅਤੇ ਆਬਕਾਰੀ ਵਿਭਾਗ, ਪੰਜਾਬ, ਚੰਡੀਗੜ੍ਹ।
2 ਪ੍ਰਮੁੱਖ ਸਕੱਤਰ, ਖੁਰਾਕ ਤੇ ਸਪਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
3 ਪ੍ਰਮੁੱਖ ਸਕੱਤਰ, ਟਰਾਂਸਪੋਰਟ, ਪੰਜਾਬ, ਚੰਡੀਗੜ੍ਹ।
4 ਪ੍ਰਮੁੱਖ ਸਕੱਤਰ, ਪਾਵਰ ਵਿਭਾਗ, ਪੰਜਾਬ, ਚੰਡੀਗੜ।
5 ਡਾਇਰੈਕਟਰ, ਸਥਾਨਕ ਸਰਕਾਰ ਵਿਭਾਗ, ਪੰਜਾਬ ਚੰਡੀਗੜ੍ਹ।
6 ਕਰ ਅਤੇ ਆਬਕਾਰੀ ਕਮਿਸ਼ਨਰ, ਪੰਜਾਬ, ਪਟਿਆਲਾ।
7 ਡਾਇਰੈਕਟਰ, ਖੁਰਾਕ ਤੇ ਸਪਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
8 ਚੇਅਰਮੈਨ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਪਟਿਆਲਾ।
9 ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ, ਚੰਡੀਗੜ੍ਹ।
10 ਡਿਪਟੀ ਕਮਿਸ਼ਨਰ, ਅੰਮ੍ਰਿਤਸਰ।
11 ਉਪ-ਮੰਡਲ ਮੈਜਿਸਟਰੇਟ, ਅਜਨਾਲਾ।
12 ਰੀਜਨਲ ਡਿਪਟੀ ਡਾਇਰੈਕਟਰ, ਸਥਾਨਕ ਸਰਕਾਰ, ਅੰਮ੍ਰਿਤਸਰ।
13 ਕਾਰਜ ਸਾਧਕ ਅਫਸਰ, ਨਗਰ ਕੌਂਸਲ, ਰਾਮਦਾਸ।
14 ਜਿਲ੍ਹਾ ਟਰਾਂਸਪੋਰਟ ਅਫਸਰ, ਅੰਮ੍ਰਿਤਸਰ।
15 ਪ੍ਰੀਖਕ, ਲੋਕਲ ਫੰਡ ਅਕਾਊਂਟਸ, ਪੰਜਾਬ, ਚੰਡੀਗੜ੍ਹ।
16 ਡਾਇਰੈਕਟਰ, ਟਾਊਨ ਪਲਾਨਿੰਗ ਵਿੰਗ, ਸਥਾਨਕ ਸਰਕਾਰ ਵਿਭਾਗ, ਪੰਜਾਬ,ਚੰਡੀਗੜ।
17 ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ, ਅੰਮ੍ਰਿਤਸਰ।
18 ਨਿਗਰਾਨ ਇੰਜੀਨੀਅਰ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਅੰਮ੍ਰਿਤਸਰ ।

ਵਿਸ਼ੇਸ਼ ਸਕੱਤਰ, ਸਥਾਨਕ ਸਰਕਾਰ